ਬਿਲਾਵਲੁ ਮਹਲਾ ੫ ॥ ਸੰਤਨ ਕੈ ਸੁਨੀਅਤ ਪ੍ਰਭ ਕੀ ਬਾਤ ॥ ਕਥਾ ਕੀਰਤਨੁ ਆਨੰਦ ਮੰਗਲ ਧੁਨਿ ਪੂਰਿ ਰਹੀ ਦਿਨਸੁ ਅਰੁ ਰਾਤਿ ॥੧॥ ਰਹਾਉ ॥ ਕਰਿ ਕਿਰਪਾ ਅਪਨੇ ਪ੍ਰਭਿ ਕੀਨੇ ਨਾਮ ਅਪੁਨੇ ਕੀ ਕੀਨੀ ਦਾਤਿ ॥ ਆਠ ਪਹਰ ਗੁਨ ਗਾਵਤ ਪ੍ਰਭ ਕੇ ਕਾਮ ਕ੍ਰੋਧ ਇਸੁ ਤਨ ਤੇ ਜਾਤ ॥ ੧॥ ਤ੍ਰਿਪਤਿ ਅਘਾਏ ਪੇਖਿ ਪ੍ਰਭ ਦਰਸਨੁ ਅੰਮ੍ਰਿਤ ਹਰਿ ਰਸੁ ਭੋਜਨੁ ਖਾਤ ॥ ਚਰਨ ਸਰਨ ਨਾਨਕ ਪ੍ਰਭ ਤੇਰੀ ਕਰਿ ਕਿਰਪਾ ਸੰਤਸੰਗਿ ਮਿਲਾਤ ॥੨॥੪॥੮੪॥ {ਪੰਨਾ 820-821}

ਪਦਅਰਥ:- ਸੰਤਨ ਕੈ—ਸੰਤਾਂ ਦੇ ਘਰ ਵਿਚ, ਸੰਤਾਂ ਦੀ ਸੰਗਤਿ ਵਿਚ, ਸਾਧ ਸੰਗਤਿ ਵਿਚ। ਬਾਤ—ਕਥਾ-ਵਾਰਤਾ। ਸੁਨੀਅਤ—ਸੁਣੀ ਜਾਂਦੀ ਹੈ। ਧੁਨਿ—ਰੌ। ਪੂਰਿ ਰਹੀ—ਭਰੀ ਰਹਿੰਦੀ ਹੈ। ਦਿਨਸੁ—ਦਿਨ। ਅਰੁ—ਅਤੇ।1। ਰਹਾਉ।

ਕਰਿ—ਕਰ ਕੇ। ਪ੍ਰਭਿ—ਪ੍ਰਭੂ ਨੇ। ਤਨ ਤੇ—ਸਰੀਰ ਤੋਂ। ਜਾਤ—ਦੂਰ ਹੋ ਜਾਂਦੇ ਹਨ।1।

ਤ੍ਰਿਪਤਿ—ਰਜੇਵਾਂ। ਅਘਾਏ—ਰੱਜ ਗਏ। ਪੇਖਿ—ਵੇਖ ਕੇ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਪ੍ਰਭ—ਹੇ ਪ੍ਰਭੂ! ਸੰਗਿ—ਸੰਗਤਿ ਵਿਚ।2।

ਅਰਥ:- ਹੇ ਭਾਈ! ਸਾਧ ਸੰਗਤਿ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਕਥਾ-ਵਾਰਤਾ (ਸਦਾ) ਸੁਣੀ ਜਾਂਦੀ ਹੈ। ਉਥੇ ਦਿਨ ਰਾਤ ਹਰ ਵੇਲੇ ਪ੍ਰਭੂ ਦੀਆਂ ਕਥਾ-ਕਹਾਣੀਆਂ ਹੁੰਦੀਆਂ ਹਨ, ਕੀਰਤਨ ਹੁੰਦਾ ਹੈ, ਆਤਮਕ ਆਨੰਦ-ਹੁਲਾਰਾ ਪੈਦਾ ਕਰਨ ਵਾਲੀ ਰੌ ਸਦਾ ਚਲੀ ਰਹਿੰਦੀ ਹੈ।1। ਰਹਾਉ।

ਹੇ ਭਾਈ! ਸੰਤ ਜਨਾਂ ਨੂੰ ਪ੍ਰਭੂ ਨੇ ਮੇਹਰ ਕਰ ਕੇ ਆਪਣੇ ਸੇਵਕ ਬਣਾ ਲਿਆ ਹੁੰਦਾ ਹੈ, ਉਹਨਾਂ ਨੂੰ ਆਪਣੇ ਨਾਮ ਦੀ ਦਾਤਿ ਬਖ਼ਸ਼ੀ ਹੁੰਦੀ ਹੈ। ਅੱਠੇ ਪਹਿਰ ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ (ਉਹਨਾਂ ਦੇ) ਇਸ ਸਰੀਰ ਵਿਚੋਂ ਕਾਮ ਕ੍ਰੋਧ (ਆਦਿਕ ਵਿਕਾਰ) ਦੂਰ ਹੋ ਜਾਂਦੇ ਹਨ।1।

ਹੇ ਭਾਈ! ਸੰਤ ਜਨ ਪ੍ਰਭੂ ਦਾ ਦਰਸਨ ਕਰ ਕੇ (ਮਾਇਆ ਦੀ ਤ੍ਰਿਸਨਾ ਵਲੋਂ) ਪੂਰੇ ਤੌਰ ਤੇ ਰੱਜੇ ਰਹਿੰਦੇ ਹਨ, ਸੰਤ ਜਨ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਦਾ ਸੁਆਦਲਾ ਭੋਜਨ ਖਾਂਦੇ ਹਨ। ਹੇ ਨਾਨਕ! (ਆਖ—) ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਚਰਨਾਂ ਦੀ ਸਰਨ ਪੈਂਦੇ ਹਨ, ਤੂੰ ਕਿਰਪਾ ਕਰ ਕੇ ਉਹਨਾਂ ਨੂੰ ਸੰਤ ਜਨਾਂ ਦੀ ਸੰਗਤਿ ਵਿਚ ਮਿਲਾ ਦੇਂਦਾ ਹੈਂ।2।4। 84।